# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 28-03-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਦੌਰਾਨ ਆਰਥਿਕ ਅਤੇ ਵਪਾਰਕ ਸਥਿਰਤਾ ਬਣਾਈ ਰੱਖਣਾ, ਊਰਜਾ ਸੁਰੱਖਿਆ ਨੂੰ ਯਕੀਨੀ ਬਣਾਉਣਾ ਅਤੇ ਨਾਗਰਿਕਾਂ ਦੇ ਹਿੱਤਾਂ ਦੀ ਰੱਖਿਆ ਕਰਨਾ ਸਰਕਾਰ ਦੀਆਂ ਤਰਜੀਹਾਂ ਨੇ। ਸ਼੍ਰੀ ਮੋਦੀ ਨੇ ਇਹ ਗੱਲ ਕੱਲ੍ਹ ਸ਼ਾਮ ਕਈ ਰਾਜਾਂ ਦੇ ਮੁੱਖ ਮੰਤਰੀਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਉਪ ਰਾਜਪਾਲਾਂ ਨਾਲ ਇੱਕ ਉੱਚ-ਪੱਧਰੀ ਵਰਚੁਅਲ ਮੀਟਿੰਗ ਦੌਰਾਨ ਕਹਾ । ਮੀਟਿੰਗ ਦਾ ਉਦੇਸ਼ ਸੰਘਰਸ਼ ਦੇ ਸਮੇਂ ਦੇਸ਼ ਦੀ ਤਿਆਰੀ ਦੀ ਸਮੀਖਿਆ ਕਰਨਾ ਸੀ। ਸ਼੍ਰੀ ਮੋਦੀ ਨੇ ਰਾਜਾਂ ਨੂੰ ਅਪੀਲ ਕੀਤੀ ਕਿ ਉਹ ਸਪਲਾਈ ਲੜੀ ਬਣਾਈ ਰੱਖਣ ਅਤੇ ਜਮ੍ਹਾਂਖੋਰੀ ਤੇ ਮੁਨਾਫ਼ਾਖੋਰੀ ਵਿਰੁੱਧ ਸਖ਼ਤ ਕਾਰਵਾਈ ਕਰਨ। ਉਨ੍ਹਾਂ ਨੇ ਰਾਜਾਂ ਨੂੰ ਸੂਰਜੀ ਊਰਜਾ, ਜੈਵਿਕ ਇੰਧਨ ਅਤੇ ਇਲੈਕਟ੍ਰਿਕ ਆਵਾਜਾਈ ਵਰਗੇ ਬਦਲਵੇਂ ਊਰਜਾ ਵਸੀਲਿਆਂ ਨੂੰ ਅਪਣਾਉਣ ਵਿੱਚ ਤੇਜ਼ੀ ਲਿਆਉਣ ਅਤੇ ਪਾਈਪ ਲਾਈਨ ਵਾਲੇ ਕੁਦਰਤੀ ਗੈਸ ਬੁਨਿਆਦੀ ਢਾਂਚੇ ਦਾ ਪਸਾਰ ਕਰਨ ਦੀ ਅਪੀਲ ਕੀਤੀ ਏ।

---

ਪੰਜਾਬ ਸਰਕਾਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 8 ਜਨਵਰੀ ਤੋਂ ਇਸ ਯੋਜਨਾ ਦੀ ਸ਼ੁਰੂਆਤ ਦੇ ਤਿੰਨ ਮਹੀਨਿਆਂ ਦੇ ਅੰਦਰ 30 ਲੱਖ 51 ਹਜ਼ਾਰ ਤੋਂ ਵੱਧ ਪਰਿਵਾਰਾਂ ਨੂੰ ਰਜਿਸਟਰ ਕਰਕੇ ਅਤੇ 292 ਕਰੋੜ ਰੁਪਏ ਦੇ ਮੁਫ਼ਤ ਇਲਾਜ ਨੂੰ ਮਨਜ਼ੂਰੀ ਦੇ ਕੇ ਦੇਸ਼ ਭਰ ਵਿੱਚ ਇਕ ਮਿਸਾਲ ਕਾਇਮ ਕੀਤੀ ਏ। ਇਸ ਯੋਜਨਾ ਦੇ ਲਾਗੂਕਰਨ ਦੇ ਪੈਮਾਨੇ ਅਤੇ ਗਤੀ ਬਾਰੇ ਜਾਣਕਾਰੀ ਦਿੰਦਿਆਂ ਸੂਬੇ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਯੋਜਨਾ ਤੇਜ਼ੀ ਨਾਲ ਪੰਜਾਬ ਭਰ ਦੇ ਲੱਖਾਂ ਪਰਿਵਾਰਾਂ ਲਈ ਅਸਲ ਮਾਲੀ ਰਾਹਤ ਅਤੇ ਸਿਹਤ ਸੰਭਾਲ ਪ੍ਰਦਾਨ ਕਰਦੀ ਏ। ਇਸ ਪ੍ਰਾਪਤੀ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ, ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਹਰ ਮਾਪਦੰਡ ਪੱਖੋਂ ਬਾਕੀ ਸਾਰੇ ਸੂਬਿਆਂ ਨੂੰ ਪਛਾੜ ਦਿੱਤਾ ਏ। ਹਸਪਤਾਲਾਂ ਨੂੰ ਸਮੇਂ ਸਿਰ ਭੁਗਤਾਨ ਦਾ ਭਰੋਸਾ ਦਿੰਦਿਆਂ ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਬਕਾਇਆ ਭੁਗਤਾਨ ਲਈ ਇੱਕ ਮਜ਼ਬੂਤ ਪ੍ਰਣਾਲੀ ਸਥਾਪਤ ਕੀਤੀ ਗਈ ਏ। 31 ਮਾਰਚ ਤੱਕ ਦੇ ਸਾਰੇ ਬਕਾਏ 15 ਅਪ੍ਰੈਲ ਤੱਕ ਕਲੀਅਰ ਕਰ ਦਿੱਤੇ ਜਾਣਗੇ।

---

ਪੰਜਾਬ ਦੇ ਖਜ਼ਾਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਬੀਤੇ

ਕੱਲ੍ਹ ਚੰਡੀਗੜ੍ਹ ਵਿਖੇ ਪੰਜਾਬ ਰਾਜ ਵਪਾਰੀ ਕਮਿਸ਼ਨ (ਪੀ.ਐਸ.ਟੀ.ਸੀ.) ਦੀ ਸੂਬਾ ਪੱਧਰੀ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਇੱਕ ਸਖ਼ਤ, ਜਵਾਬਦੇਹ ਅਤੇ ਪਾਰਦਰਸ਼ੀ ਪ੍ਰਣਾਲੀ ਰਾਹੀਂ ਵਪਾਰੀਆਂ ਦੀਆਂ ਸ਼ਿਕਾਇਤਾਂ ਦਾ ਸਮਾਂਬੱਧ ਹੱਲ ਪ੍ਰਦਾਨ ਕਰਨ ਲਈ ਫੈਸਲਾਕੁੰਨ ਕਦਮ ਚੁੱਕ ਰਹੀ ਏ। ਸੂਬੇ ਭਰ ਵਿੱਚ ਹੋਈਆਂ 256 ਮੀਟਿੰਗਾਂ ਦੀ ਪ੍ਰਗਤੀ ਅਤੇ 1,386 ਸ਼ਿਕਾਇਤਾਂ ਦੀ ਸਮੀਖਿਆ ਕਰਦਿਆਂ, ਵਿੱਤ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਰਕਾਰ ਨੇ ਵਪਾਰੀ ਭਾਈਚਾਰੇ ਨਾਲ ਇੱਕ ਢਾਂਚਾਗਤ ਗੱਲਬਾਤ ਨੂੰ ਸੰਸਥਾਗਤ ਰੂਪ ਦਿੱਤਾ ਏ। ਉਨ੍ਹਾਂ ਕਿਹਾ ਕਿ ਮੀਟਿੰਗ ਦਾ ਮੁੱਖ ਕੇਂਦਰ ਸ਼ਿਕਾਇਤਾਂ ਦੀ ਮਾਸਟਰ ਸੂਚੀ ਦੀ ਡੂੰਘਾਈ ਨਾਲ ਸਮੀਖਿਆ ਕਰਨਾ ਸੀ, ਜੋ ਕਿ ਬਕਾਇਆ ਪਏ ਮਾਮਲਿਆਂ ਨੂੰ ਹੱਲ ਕਰਨ ਅਤੇ ਵਪਾਰਕ ਭਾਈਚਾਰੇ ਦੁਆਰਾ ਉਠਾਈਆਂ ਗਈਆਂ ਨਵੀਆਂ ਚਿੰਤਾਵਾਂ ਨੂੰ ਸਰਗਰਮੀ ਨਾਲ ਨੋਟ ਕਰਨ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਏ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ 31 ਮਾਰਚ ਨੂੰ ਨੰਗਲ ਵਿਖੇ ਇਕ ਰੈਲੀ ਦੌਰਾਨ ਐਨ.ਐਫ.ਐਲ. ਗਰਾਊਂਡ ਵਿਚ 10 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੇ ਉੱਤਰੀ ਭਾਰਤ ਦੇ ਪਹਿਲੇ ਅਤੇ ਦੇਸ਼ ਦਾ ਤੀਜੇ ਗਲਾਸ ਬ੍ਰਿਜ ਦਾ ਨੀਂਹ ਪੱਥਰ ਰੱਖਣਗੇ।

ਇਸ ਤੋਂ ਇਲਾਵਾ ਉਹ 23 ਕਰੋੜ ਰੁਪਏ ਦੀ ਲਾਗਤ ਨਾਲ ਸ਼ਹੀਦ ਕੈਪਟਨ ਅਮੋਲ ਕਾਲੀਆ ਸੈਂਟਰ ਆਫ ਐਕਸੀਲੈਂਸ ਅਤੇ 17 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀ ਸ਼ੁੱਧ ਜਲ ਸਪਲਾਈ ਯੋਜਨਾਂ ਦਾ ਵੀ ਨੀਂਹ ਪੱਥਰ ਰੱਖਣਗੇ। ਇਸ ਰੈਲੀ ਸਬੰਧੀ ਬੀਤੇ ਦਿਨ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਅਧਿਕਾਰੀਆਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ ਗਈ । ਮੀਟਿੰਗ ਦੌਰਾਨ ਮੰਤਰੀ ਨੇ ਦੱਸਿਆ ਕਿ ਨੰਗਲ ਲਈ ਤਿਆਰ ਕੀਤੇ ਗਏ ਵਿਕਾਸ ਪ੍ਰੋਜੈਕਟਾਂ ਨਾਲ ਸ਼ਹਿਰ ਇਲਾਕੇ ਨੂੰ ਨਵੀਂ ਪਛਾਣ ਮਿਲੇਗੀ। ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਉਪਰਾਲੇ ਨੰਗਲ ਨੂੰ ਸਿੱਖਿਆ ਅਤੇ ਹੁਨਰ ਵਿਕਾਸ ਦੇ ਕੇਂਦਰ ਵਜੋਂ ਸਥਾਪਿਤ ਕਰਨ ਵਿੱਚ ਮਦਦਗਾਰ ਸਾਬਤ ਹੋਣਗੇ।

---------------------------------------------------------

ਕੇਂਦਰ ਸਰਕਾਰ ਦੇ ਡਾਕ ਵਿਭਾਗ ਨੇ ਕਪੂਰਥਲਾ ਡਾਕ ਵਿਭਾਗ ਰਾਹੀਂ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਕੈਂਪਸ ਵਿੱਚ ਸੂਬੇ ਦਾ ਪਹਿਲਾ 'ਨੈਕਸਟ ਜੈਨਰੇਸ਼ਨ ਜਨਰਲ ਡਾਕਘਰ' ਸਥਾਪਤ ਕਰਕੇ ਆਧੁਨਿਕੀਕਰਨ ਅਤੇ ਡਿਜੀਟਲ ਤਬਦੀਲੀ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਿਆ ਏ। ਇਸ ਅਤਿ-ਆਧੁਨਿਕ ਡਾਕਖਾਨੇ ਦਾ ਉਦਘਾਟਨ ਅੱਜ ਐਲ.ਪੀ.ਯੂ. ਦੇ ਪ੍ਰੋ-ਚਾਂਸਲਰ ਡਾ. ਰਸ਼ਮੀ ਮਿੱਤਲ ਵੱਲੋਂ ਕੀਤਾ ਗਿਆ। ਇਸ ਮੌਕੇ ਡਾ. ਰਸ਼ਮੀ ਮਿੱਤਲ ਨੇ ਡਾਕ ਵਿਭਾਗ ਦੇ ਉਪਰਾਲੇ ਦੀ

ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਨਿਵੇਕਲੇ ਕਦਮ ਆਖਰੀ-ਮੀਲ ਸੰਪਰਕ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਨੇ। ਉਨ੍ਹਾਂ ਭਰੋਸਾ ਜਤਾਇਆ ਕਿ ਇਹ ਡਾਕਖਾਨਾ ਭਵਿੱਖ ਦੀਆਂ ਡਾਕ ਸੇਵਾਵਾਂ ਲਈ ਇੱਕ ਆਦਰਸ਼ ਸਾਬਤ ਹੋਵੇਗਾ। ਇਹ ਨੈਕਸਟ ਜੈਨਰੇਸ਼ਨ ਜਨਰਲ ਪੋਸਟ ਆਫਿਸ ਵਿਦਿਆਰਥੀਆਂ, ਫੈਕਲਟੀ ਅਤੇ ਆਲੇ ਦੁਆਲੇ ਦੇ ਭਾਈਚਾਰੇ ਨੂੰ ਇੱਕ ਛੱਤ ਹੇਠ ਆਧੁਨਿਕ ਡਾਕ, ਬੈਂਕਿੰਗ, ਵਿੱਤੀ ਅਤੇ ਡਿਜੀਟਲ ਸੇਵਾਵਾਂ ਤੱਕ ਪਹੁੰਚ ਪ੍ਰਦਾਨ ਕਰੇਗਾ। ਅਤਿ ਆਧੁਨਿਕ ਬੁਨਿਆਦੀ ਢਾਂਚੇ ਅਤੇ ਆਧੁਨਿਕ ਤਕਨਾਲੋਜੀ ਨਾਲ ਲੈਸ, ਇਹ ਡਾਕਘਰ ਈ-ਕਾਮਰਸ ਪਾਰਸਲ, ਡਿਜੀਟਲ ਲੈਣ-ਦੇਣ ਅਤੇ ਹੋਰ ਬਹੁਤ ਸਾਰੀਆਂ ਸੇਵਾਵਾਂ ਵਰਗੀਆਂ ਸੇਵਾਵਾਂ ਵੀ ਪ੍ਰਦਾਨ ਕਰੇਗਾ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਸਵੇਰੇ 11 ਵਜੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਰਾਹੀਂ ਦੇਸ਼ ਅਤੇ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਮਾਸਿਕ ਰੇਡੀਓ ਪ੍ਰੋਗਰਾਮ ਦਾ 132ਵਾਂ ਐਪੀਸੋਡ ਹੋਵੇਗਾ। ਇਹ ਪ੍ਰੋਗਰਾਮ ਪੂਰੇ ਆਕਾਸ਼ਵਾਣੀ ਅਤੇ ਦੂਰਦਰਸ਼ਨ ਨੈੱਟਵਰਕ, ਏ.ਆਈ.ਆਰ. ਨਿਊਜ਼ ਵੈੱਬਸਾਈਟ ਅਤੇ ਨਿਊਜ਼ ਔਨ ਏ.ਆਈ.ਆਰ ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਦਾ ਸਿੱਧਾ ਪ੍ਰਸਾਰਣ ਏ.ਆਈ.ਆਰ. ਨਿਊਜ਼, ਡੀਡੀ ਨਿਊਜ਼, ਪ੍ਰਧਾਨ ਮੰਤਰੀ

ਦਫ਼ਤਰ ਅਤੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਯੂਟਿਊਬ ਚੈਨਲਾਂ 'ਤੇ ਵੀ ਕੀਤਾ ਜਾਵੇਗਾ। ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ, ਆਕਾਸ਼ਵਾਣੀ ਇਸ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

---------------------------------------------------------